# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :10-04-2026**

ਮਰਦਮਸ਼ੁਮਾਰੀ 2027 ਦੇ ਪਹਿਲੇ ਗੇੜ੍ਹ ਵਿੱਚ ਹੁਣ ਤੱਕ 5 ਲੱਖ 72 ਹਜ਼ਾਰ ਤੋਂ ਵੱਧ ਪਰਿਵਾਰਾਂ ਨੇ ਸਵੈ-ਗਣਨਾ ਦੀ ਸਹੂਲਤ ਦਾ ਲਾਭ ਉਠਾਇਆ ਏ। ਭਾਰਤ ਦੇ ਰਜਿਸਟਰਾਰ ਜਨਰਲ ਨੇ ਕਿਹਾ ਏ ਕਿ ਇਹ ਮਰਦਮਸ਼ੁਮਾਰੀ ਲਈ ਡਿਜੀਟਲ ਪਹਿਲ ਵਿੱਚ ਵਧ ਰਹੀ ਜਨ ਹਿੱਸੇਦਾਰੀ ਨੂੰ ਦਰਸਾਉਂਦਾ ਏ। ਮਰਦਮਸ਼ੁਮਾਰੀ ਦਾ ਪਹਿਲਾ ਗੇੜ੍ਹ ਪਹਿਲੀ ਅਪ੍ਰੈਲ ਨੂੰ ਸ਼ੁਰੂ ਹੋਇਆ ਸੀ। ਸਵੈ-ਗਣਨਾ ਸਹੂਲਤ 15 ਅਪ੍ਰੈਲ ਤੱਕ ਜਾਰੀ ਏ। ਇਹ ਸਹੂਲਤ ਮੌਜੂਦਾ ਸਮੇਂ ਵਿੱਚ 11 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਚਲ ਰਹੀ ਏ। ਓਧਰ ਸੁਪਰੀਮ ਕੋਰਟ ਨੇ ਅੱਜ ਜਾਤਿ ਅਧਾਰਿਤ ਮਰਦਮਸ਼ੁਮਾਰੀ ਨੂੰ ਰੋਕਣ ਲਈ ਕੇਂਦਰ ਨੂੰ ਨਿਰਦੇਸ਼ ਦੇਣ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਏ। ਚੀਫ਼ ਜਸਟਿਸ ਸੂਰਿਆ ਕਾਂਤ ਤੇ ਦੋ ਹੋਰ ਜੱਜਾਂ ਦੀ ਬੈਂਚ ਨੇ ਪਟੀਸ਼ਨ ਨੂੰ ਖਾਰਜ ਕਰ ਦਿੱਤਾ, ਜਿਸ ਵਿੱਚ ਕੇਂਦਰ ਨੂੰ ਇੱਕ ਬੱਚੇ ਵਾਲੇ ਪਰਿਵਾਰਾਂ ਨੂੰ

ਆਰਥਿਕ ਮਦਦ ਪ੍ਰਦਾਨ ਕਰਨ ਲਈ ਨੀਤੀਆਂ ਬਣਾਉਣ ਦਾ ਨਿਰਦੇਸ਼ ਦੇਣ ਦੀ ਵੀ ਮੰਗ ਕੀਤੀ ਗਈ ਸੀ।

---------------------------------------------------------------------------

ਇਸੇ ਦੌਰਾਨ ਮਰਦਮਸ਼ੁਮਾਰੀ 2027 ਨੂੰ ਸੁਚਾਰੂ, ਸਹੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਉਣ ਲਈ ਜ਼ਿਲ੍ਹਾ ਫ਼ਰੀਦਕੋਟ ਵਿੱਚ ਤਿਆਰੀਆਂ ਜੰਗੀ ਪੱਧਰ ‘ਤੇ ਜਾਰੀ ਨੇ । ਇਸੇ ਤਹਿਤ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੀ ਅਗਵਾਈ ਹੇਠ ਫੀਲਡ ਟ੍ਰੇਨਰਾਂ ਲਈ 3 ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਫੀਲਡ ਟ੍ਰੇਨਰਾਂ ਨੇ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਨੂੰ ਜਨਗਣਨਾ ਦੇ ਪਹਿਲੇ ਪੜਾਅ ਲਈ ਤਿਆਰ ਕਰਨ ਦੇ ਮੰਤਵ ਨਾਲ ਭਾਗ ਲਿਆ। ਜ਼ਿਲ੍ਹਾ ਸਿੱਖਿਆ ਵਿਭਾਗ ਫ਼ਰੀਦਕੋਟ ਦੇ ਮਾਸਟਰ ਟ੍ਰੇਨਰ ਹਰਜਿੰਦਰ ਸਿੰਘ ਵੱਲੋਂ ਮਰਦਮਸ਼ੁਮਾਰੀ ਨਾਲ ਸੰਬੰਧਿਤ ਮਹੱਤਵਪੂਰਨ ਪੱਖਾਂ ਬਾਰੇ ਜਾਣਕਾਰੀ ਦਿੱਤੀ ਗਈ। ਸਿਖਲਾਈ ਦੌਰਾਨ ਮਕਾਨਸੂਚੀਕਰਣ ਦੇ ਤਰੀਕੇ, ਮਕਾਨਾਂ ਦੀ ਸਹੀ ਪਛਾਣ, ਪਰਿਵਾਰਕ ਇਕਾਈਆਂ ਦੀ ਗਿਣਤੀ, ਡਾਟਾ ਇਕੱਠਾ ਕਰਨ ਦੀ ਵਿਧੀ ਅਤੇ ਰਿਕਾਰਡ ਭਰਨ ਦੀ ਪ੍ਰਕਿਰਿਆ ਬਾਰੇ ਸਪਸ਼ਟ ਅਤੇ ਆਸਾਨ ਢੰਗ ਨਾਲ ਸਮਝਾਇਆ ਗਿਆ। ਇਸ ਤੋਂ ਇਲਾਵਾ ਡਾਟਾ

ਇਕੱਠਾ ਕਰਨ ਵਿੱਚ ਆਉਣ ਵਾਲੀਆਂ ਰੁਕਾਵਟਾਂ, ਲੋਕਾਂ ਨਾਲ ਸੰਚਾਰ ਦੀਆਂ ਚੁਣੌਤੀਆਂ ਤੇ ਤਕਨੀਕੀ ਦਿੱਕਤਾਂ ਬਾਰੇ ਵੀ ਚਰਚਾ ਕੀਤੀ ਗਈ।

---------------------------------------------------------------------------

ਉਦਯੋਗ ਅਤੇ  ਸਥਾਨਕ ਸਰਕਾਰਾਂ ਮੰਤਰੀ  ਸੰਜੀਵ ਅਰੋੜਾ ਨੇ ਬਠਿੰਡਾ ਵਿਖੇ  ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦਾ ਦੌਰਾ ਕੀਤਾ ਤੇ ਰਿਫਾਇਨਰੀ ਦੇ ਵਿਸ਼ਵ-ਪੱਧਰੀ ਢਾਂਚੇ, ਮਜ਼ਬੂਤ ਸੁਰੱਖਿਆ ਸੰਸਕਾਰ ਤੇ ਆਧੁਨਿਕ ਤਕਨੀਕੀ ਪਹਿਲਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ  ਰਿਫਾਇਨਰੀ ਦੀਆਂ ਮੁੱਖ ਓਪਰੇਸ਼ਨਲ ਯੂਨਿਟਾਂ ਦਾ ਨਿਰੀਖਣ ਕੀਤਾ। ਸ੍ਰੀ ਅਰੋੜਾ ਨੇ ਕਿਹਾ ਕਿ  ਨਵੀਂ ਉਦਯੋਗ ਨੀਤੀ 2026 ਪੰਜਾਬ ਦੇ ਉਦਯੋਗਿਕ ਦ੍ਰਿਸ਼ ਨੂੰ ਨਵੀਂ ਦਿਸ਼ਾ ਦੇਵੇਗੀ ਅਤੇ ਵੱਡੇ ਪੱਧਰ ’ਤੇ ਨਿਵੇਸ਼ ਨੂੰ ਆਕਰਸ਼ਿਤ ਕਰੇਗੀ। ਉਨ੍ਹਾਂ ਖੁਸ਼ੀ ਪ੍ਰਗਟਾਈ ਕਿ ਰਿਫਾਇਨਰੀ ਸਮੂਹ ਪੰਜਾਬ ਵਿੱਚ ਸਭ ਤੋਂ ਵੱਧ ਸਿੰਗਲ-ਸਾਈਟ ਨਿਵੇਸ਼ ਕਰਨ ਵਾਲੀ ਪ੍ਰਮੁੱਖ ਕੰਪਨੀ ਏ , ਜਿੱਥੇ ਕੰਪਨੀ ਦਾ ਕੁੱਲ ਨਿਵੇਸ਼ ਲਗਭਗ ₹60,000 ਕਰੋੜ ਤੱਕ ਪਹੁੰਚ ਚੁੱਕਾ ਏ। ਉਨ੍ਹਾਂ ਕਿਹਾ ਕਿ ਇਹ ਖੇਤਰ ਨਿਵੇਸ਼, ਰੋਜ਼ਗਾਰ ਸਿਰਜਣਾ ਤੇ ਆਰਥਿਕ ਵਿਕਾਸ ਲਈ ਵਿਸ਼ਾਲ ਮੌਕੇ ਪ੍ਰਦਾਨ ਕਰਦਾ ਏ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਐਚਐਮਈਐਲ ਵਰਗੀ ਵਿਸ਼ਵ-ਪੱਧਰੀ

ਰਿਫਾਇਨਰੀ ਦੀ ਮੌਜੂਦਗੀ ਸਹਾਇਕ ਅਤੇ ਅਨੁਸੰਗੀ ਉਦਯੋਗਾਂ ਦੇ ਵਿਕਾਸ ਲਈ ਮਜ਼ਬੂਤ ਆਧਾਰ ਸਾਬਤ ਹੋਵੇਗੀ।

---------------------------------------------------------------------------

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ, ਖਾਲਸਾ ਸਾਜਨਾ ਦਿਵਸ, ਵਿਸਾਖੀ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC) ਵੱਲੋਂ 1763 ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਖਾਲਸਾ ਜੀ ਦੇ ਜੈਕਾਰਿਆਂ ਦੇ ਨਾਲ ਰਵਾਨਾ ਕੀਤਾ ਗਿਆ। ਇਸ ਧਾਰਮਿਕ ਯਾਤਰਾ ਦੌਰਾਨ ਸੰਗਤ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ। ਜਾਣਕਾਰੀ ਮੁਤਾਬਿਕ ਪੂਰੇ ਭਾਰਤ ਵਿੱਚੋਂ ਕਰੀਬ 2 ਹਜ਼ਾਰ 800 ਸਿੱਖ ਸ਼ਰਧਾਲੂ ਪਾਕਿਸਤਾਨ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਜਾ ਰਹੇ ਨੇ. ਇਹ ਜੱਥਾ ਅਗਲੇ 10 ਦਿਨਾਂ ਦੌਰਾਨ ਨਨਕਾਣਾ ਸਾਹਿਬ, ਪੰਜਾ ਸਾਹਿਬ, ਡੇਰਾ ਸਾਹਿਬ, ਕਰਤਾਰਪੁਰ ਸਾਹਿਬ ਅਤੇ ਸੱਚਾ ਸੌਦਾ ਸਮੇਤ ਵੱਖ-ਵੱਖ ਪਵਿੱਤਰ ਸਥਾਨਾਂ ਦੇ ਦਰਸ਼ਨ ਕਰੇਗਾ । ਕੁਝ ਸ਼ਰਧਾਲੂਆਂ ਨੇ ਆਪਣੇ ਜਜ਼ਬਾਤ ਸਾਂਝੇ ਕਰਦਿਆਂ ਦੱਸਿਆ ਕਿ ਉਹ ਪਹਿਲੀ ਵਾਰ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਜਾ ਰਹੇ ਨੇ. ਜੱਥੇ ਦੇ ਆਗੂ ਸੁਰਜੀਤ ਸਿੰਘ ਨੇ ਕਿਹਾ ਕਿ ਉਹ ਪਹਿਲੀ ਵਾਰ ਇਸ ਯਾਤਰਾ ਦੀ ਅਗਵਾਈ ਕਰ ਰਹੇ ਨੇ -

BYTE

ਉਨ੍ਹਾਂ ਇਹ ਵੀ ਕਿਹਾ ਕਿ ਉਹਨਾਂ ਦੇ ਮਨ ਵਿੱਚ ਕਾਫੀ ਸਮੇਂ ਤੋਂ ਦਰਸ਼ਨਾਂ ਲਈ ਜਾਣ ਦੀ ਤਾਂਘ ਸੀ ਅਤੇ ਹੁਣ ਉਹ ਬੜੀ ਆਸ ਅਤੇ ਉਮੀਦ ਨਾਲ ਇਸ ਯਾਤਰਾ 'ਤੇ ਜਾ ਰਹੇ ਨੇ. ਉਨ੍ਹਾਂ ਇਹ ਅਰਦਾਸ ਵੀ ਕੀਤੀ ਕਿ ਹਰ ਇੱਕ ਸੰਗਤ ਨੂੰ ਗੁਰਧਾਮਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲੇ। ਇਸ ਮੌਕੇ SGPC ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਅਰਦਾਸ ਕੀਤੀ ਕਿ ਇਹ ਯਾਤਰਾ ਖੁਸ਼ੀਆਂ ਅਤੇ ਚੜ੍ਹਦੀ ਕਲਾ ਨਾਲ ਪੂਰੀ ਹੋਵੇ ਅਤੇ ਸਾਰੇ ਸ਼ਰਧਾਲੂ ਸੁਰੱਖਿਅਤ ਵਾਪਿਸ ਆਉਣ।

------------------------------------------------------------------------------

ਪੰਜਾਬ ਨੇ ਪਹਿਲੀ ਵਾਰ 28 ਅਤਿ ਲੋੜੀਂਦੇ  ਅਪਰਾਧੀਆਂ ਲਈ ਨਕਦ ਇਨਾਮਾਂ ਦਾ ਐਲਾਨ ਕੀਤਾ ਏ , ਇਹਨਾਂ ਅਪਰਾਧੀਆਂ ਦੀ ਗਿਰਫਤਾਰੀ, ਵਿਚ ਭਗੌੜੇ ਐਲਾਨੇ ਅਪਰਾਧੀ - ਇਸ਼ਤੇਹਾਰੀ ਮੁਜਰਮ , ਵਿਦੇਸ਼ੀ ਟਿਕਾਣਿਆਂ ਤੋਂ ਜਬਰਨ ਵਸੂਲੀ ਰੈਕੇਟ ਚਲਾਉਣ ਵਾਲਿਆਂ ਦੇ ਨਾਲ-ਨਾਲ  ਨਸ਼ੀਲੇ ਪਦਾਰਥਾਂ, ਹਥਿਆਰਾਂ ਤੇ ਗੋਲਾ ਬਾਰੂਦ ਦੀ ਤਸਕਰੀ ਕਰਨ ਵਾਲੇ ਤੇ ਰਾਜ ਵਿੱਚ ਟਾਰਗੇਟ ਕਿਲਿੰਗ ਵਾਲੇ ਅਪਰਾਧੀ ਸ਼ਾਮਿਲ ਨੇ । ਇਨ੍ਹਾਂ ਲੋੜੀਂਦੇ ਅਪਰਾਧੀਆਂ ਵਿੱਚ ਵਿਦੇਸ਼ੀ ਦੇਹਸ਼ਤਗਰਦ ਲਖਬੀਰ ਸਿੰਘ ਲੰਡਾ ਵੀ ਸ਼ਾਮਲ ਏ , ਜਿਸ ਨੂੰ ਕੇਂਦਰੀ ਗ੍ਰਹਿ ਮੰਤਰਾਲੇ

ਵੱਲੋਂ ਗੈਰ ਕਨੂਨੀ ਕਾਰਵਾਈਆਂ ਰੋਕਥਾਮ ਕਨੂਨ UAPA  ਤਹਿਤ ਇਕ ਵਿਦੇਸ਼ੀ ਨਾਮਜ਼ਦ  ਦੇਹਸ਼ਤਗਰਦ ਐਲਾਿਣਆ  ਏ। ਇਨਾਂ ਅਪਰਾਧੀਆਂ ਲਈ  5 ਲੱਖ ਰੁਪਏ ਤੋਂ ਲੈ ਕੇ 10 ਲੱਖ ਰੁਪਏ ਤੱਕ ਦੇ ਇਨਾਮ  ਦਾ ਐਲਾਨ ਪੂਰੇ ਪੰਨੇ ਦੇ ਅਖਬਾਰਾਂ ਦੇ ਇਸ਼ਤਿਹਾਰਾਂ ਵਿੱਚ ਅਪਰਾਧੀਆਂ ਦੇ ਨਾਮ ਅਤੇ ਫੋਟੋਆਂ ਨਾਲ ਪਰਕਸ਼ਿਤ ਕੀਤਾ ਗਿਆ ਏ। ਇਨ੍ਹਾਂ ਵਿੱਚੋਂ ਜ਼ਿਆਦਾਤਰ ਸਰਹੱਦੀ ਪੇਂਡੂ ਖੇਤਰਾਂ ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਫਾਜ਼ਿਲਕਾ ਤੋਂ ਇਲਾਵਾ ਕੁਝ ਹੋਰ ਜ਼ਿਲ੍ਹਿਆਂ ਤੋਂ ਨੇ। ਇਨ੍ਹਾਂ ਵਿੱਚੋਂ 2 ਰਾਜਸਥਾਨ ਤੋਂ ਤੇ ਇੱਕ ਮਹਾਰਾਸ਼ਟਰ ਤੋਂ ਵੀ ਏ। ਪੰਜਾਬ ਸਰਕਾਰ ਨੇ ਇੱਕ ਹੈਲਪਲਾਈਨ ਨੰਬਰ: 93946-93946 ਵੀ ਜਾਰੀ ਕੀਤਾ ਏ ਤੇ ਜਨਤਾ ਨੂੰ ਇਹਨਾਂ ਅਪਰਧੀਆਂ  ਬਾਰੇ ਜਾਣਕਾਰੀ ਦੇਣ ਦੀ ਅਪੀਲ ਕੀਤੀ ਏ। ਸਰਕਾਰ ਨੇ ਭਰੋਸਾ ਦਿੱਤਾ ਏ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

--------------------------------------------------------------------------------